A-8

ਨੰ:2/31/2007-2ਸਿ:3/ 8219

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3-ਸ਼ਾਖਾ)**

ਸੇਵਾ ਵਿਖੇ,

ਪ੍ਰਿੰਸੀਪਲ,
ਐਮ.ਜੀ.ਐਨ. ਪਬਲਿਕ ਸਕੂਲ,
ਅਰਬਨ ਅਸਟੇਟ, ਫੇਜ਼:2,
ਜਲੰਧਰ।

ਮਿਤੀ,ਚੰਡੀਗੜ੍ਹ: 9-4-07

**ਵਿਸ਼ਾ : ਐਮ.ਜੀ.ਐਨ.ਪਬਲਿਕ ਸਕੂਲ, ਅਰਬਨ ਅਸਟੇਟ, ਫੇਜ਼:2, ਜਲੰਧਰ ਨੂੰ ਸੀ.ਬੀ.ਐਸ.ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।**

*****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਜਲੰਧਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਨਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

5. ਜੇ ਸਰਕਾਰ ਵਲੋਂ ਭਵਿੱਖ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਲਈ ਕਿਸੇ ਵੀ ਤਰ੍ਹਾਂ ਦੀ ਪ੍ਰੋਸੈਸਿੰਗ ਫੀਸ ਨਿਰਧਾਰਤ ਕੀਤੀ ਜਾਂਦੀ ਹੈ ਤਾਂ ਤੁਹਾਡੀ ਮੈਨੇਜਮੈਂਟ, ਇਹ ਨਿਰਧਾਰਤ ਕੀਤੀ ਪ੍ਰੋਸੈਸਿੰਗ ਫੀਸ ਸਰਕਾਰ ਕੋਲ ਜਮ੍ਹਾਂ ਕਰਵਾਉਣ ਲਈ ਵਚਨਬੱਧ ਹੋਵੇਗੀ। ਨਿਰਧਾਰਤ ਕੀਤੀ ਪ੍ਰੋਸੈਸਿੰਗ ਫੀਸ ਜਮਾਂ ਨਾ ਕਰਵਾਉਣ ਦੀ ਸੂਰਤ ਵਿੱਚ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲੈ ਲਿਆ ਜਾਵੇਗਾ।

ਰਮਾਮਜਗਾ ਰਾਰਗ

**ਸੰਯੁਕਤ ਸਕੱਤਰ ਸਕੂਲ ਸਿੱਖਿਆ**

ਸ'ਕੋ'

ਪਿੱਠ ਅੰਕਣ ਨੰ: 2/25/2007-2ਸਿ:3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/51-2006-ਗਰਾਂਟ-1(5)/5667 ਮਿਤੀ 21-3-07 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸਹੀ/-

**ਸੰਯੁਕਤ ਸਕੱਤਰ ਸਕੂਲ ਸਿੱਖਿਆ**